SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 156 | Tuesday, August 15, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਲਿਬਰਲਾਂ ਨੂੰ ਮਹਿੰਗਾ ਪੈ ਸਕਦਾ ਹੈ ਹਾਊਸਿੰਗ ਸੰਕਟ

ਓਟਵਾ, 14 ਅਗਸਤ (ਪੋਸਟ ਬਿਊਰੋ) : ਕ੍ਰਿਸ ਬਰਕ ਤੇ ਉਸ ਦੀ ਮੰਗੇਤਰ ਪਿਛਲੇ ਤਿੰਨ ਸਾਲਾਂ ਤੋਂ ਆਪਣਾ ਪਹਿਲਾ ਘਰ ਲੈਣ ਦੀ ਯੋਜਨਾ ਬਣਾ ਰਹੇ ਹਨ ਪਰ ਉਨ੍ਹਾਂ ਲਈ ਅਜੇ ਦਿੱਲੀ ਦੂਰ ਲੱਗਦੀ ਹੈ।



ਉਨ੍ਹਾਂ ਇੱਕ ਇੰਟਰਵਿਊ ਵਿੱਚ ਦੱਸਿਆ ਕਿ ਉਨ੍ਹਾਂ ਲਈ ਸੱਭ ਤੋਂ ਵੱਡੀ ਚੁਣੌਤੀ ਡਾਊਨ ਪੇਅਮੈਂਟ ਸੀ। ਜੇ ਉਸ ਦਾ ਜੁਗਾੜ ਹੋਇਆ ਤਾਂ ਹੁਣ ਵਿਆਜ਼ ਦਰਾਂ ਵਿੱਚ ਹੋਏ ਅੰਤਾਂ ਦੇ ਵਾਧੇ ਕਾਰਨ ਘਰ ਦੀ ਮਲਕੀਅਤ ਹਾਸਲ ਕਰਨਾ ਔਖਾ ਲੱਗ ਰਿਹਾ ਹੈ। ਇਸ ਜੋੜੇ ਨੇ ਆਖਿਆ ਕਿ ਇਸ ਹਿਸਾਬ ਨਾਲ ਉਹ ਕਦੋਂ ਘਰ ਲੈਣਗੇ, ਕਦੋਂ ਵਿਆਹ ਕਰਵਾਉਣਗੇ ਤੇ ਕਦੋਂ ਬੱਚਿਆਂ ਦੀ ਪਲੈਨਿੰਗ ਕਰਨਗੇ। ਜਦੋਂ ਵੀ ਉਹ ਘਰ ਲੈਣ ਦੀ ਕੋਸ਼ਿਸ਼ ਕਰਦੇ ਹਨ ਉਦੋਂ ਹੀ ਉਨ੍ਹਾਂ ਦਾ ਟੀਚਾ ਕੋਈ ਨਾ ਕੋਈ ਨਵੀਂ ਸਮੱਸਿਆ ਆਉਣ ਕਾਰਨ ਥੋੜ੍ਹਾ ਹੋਰ ਦੂਰ ਹੋ ਜਾਂਦਾ ਹੈ। ਬਹੁਤੀ ਨੌਜਵਾਨ ਪੀੜ੍ਹੀ ਇਹੋ ਮੰਨ ਰਹੀ ਹੈ ਕਿ ਘਰ ਲੈਣ ਦਾ ਉਨ੍ਹਾਂ ਦਾ ਸੁਪਨਾ ਅਜੇ ਕੁੱਝ ਸਾਲ ਹੋਰ ਸਾਕਾਰ ਨਹੀਂ ਹੁੰਦਾ ਲੱਗਦਾ।

ਪਰ ਵੇਖਣ ਵਾਲੀ ਗੱਲ ਇਹ ਵੀ ਹੈ ਕਿ ਫੈਡਰਲ ਲਿਬਰਲਾਂ ਲਈ ਹਾਊਸਿੰਗ ਮਾਰਕਿਟ ਦਾ ਇਹ ਸੰਕਟ ਗਲੇ ਦੀ ਹੱਡੀ ਬਣ ਸਕਦਾ ਹੈ ਤੇ ਉਨ੍ਹਾਂ ਲਈ ਸਿਆਸੀ ਚੁਣੌਤੀ ਵੀ ਬਣ ਸਕਦਾ ਹੈ। ਬਰਕ ਨੇ ਆਖਿਆ ਕਿ ਉਹ ਲਿਬਰਲਾਂ ਨੂੰ ਹੀ ਵੋਟ ਪਾਉਂਦਾ ਆਇਆ ਹੈ ਪਰ ਅਗਲੀ ਵਾਰੀ ਉਹ ਅਜਿਹਾ ਨਹੀਂ ਕਰੇਗਾ। ਮਾਹਿਰਾਂ ਦਾ ਵੀ ਇਹੋ ਆਖਣਾ ਹੈ ਕਿ ਜੇ ਸਮਾਂ ਰਹਿੰਦਿਆਂ ਕੋਈ ਠੋਸ ਕਾਰਵਾਈ ਨਾ ਕੀਤੀ ਗਈ ਤਾਂ ਹਾਊਸਿੰਗ ਸੰਕਟ ਕਾਰਨ ਅਗਲੀਆਂ ਚੋਣਾਂ ਵਿੱਚ ਲਿਬਰਲਾਂ ਨੂੰ ਮੂੰਹ ਦੀ ਖਾਣੀ ਪੈ ਸਕਦੀ ਹੈ।

ਵਿੱਤ ਮੰਤਰੀ ਕ੍ਰਿਸਟੀਆ ਫਰੀਲੈਂਡ ਲਈ ਇਕਨੌਮਿਕ ਸਟ੍ਰੈਟੇਜੀ ਤੇ ਪਲੈਨਿੰਗ ਦੀ ਹੈੱਡ ਰਹੀ ਟਾਈਲਰ ਮੈਰੇਡਿੱਥ ਨੇ ਆਖਿਆ ਕਿ ਇਸ ਸਮੇਂ ਦੇਸ਼ ਲਈ ਸੱਭ ਤੋਂ ਵੱਡੀ ਆਰਥਿਕ ਤੇ ਸਿਆਸੀ ਸਮੱਸਿਆ ਇਹੋ ਬਣੀ ਹੋਈ ਹੈ। ਉਸ ਉੱਤੇ ਜਿਸ ਤਰ੍ਹਾਂ ਸਰਕਾਰ ਇਮੀਗ੍ਰੇਸ਼ਨ ਨੂੰ ਸ਼ਹਿ ਦੇ ਰਹੀ ਹੈ ਉਸ ਨਾਲ ਹਾਲਾਤ ਹੋਰ ਵੀ ਬਦਤਰ ਹੁੰਦੇ ਜਾ ਰਹੇ ਹਨ ਕਿਉਂਕਿ ਇਮੀਗ੍ਰੇਸ਼ਨ ਤੇ ਹਾਊਸਿੰਗ ਮਾਰਕਿਟ ਦਾ ਵੀ ਆਪਸ ਵਿੱਚ ਡੂੰਘਾ ਸਬੰਧ ਹੈ।

ਕੰਜ਼ਰਵੇਟਿਵ ਆਗੂ ਪਿਏਰ ਪੌਲੀਐਵਰ ਵੀ ਲਿਬਰਲਾਂ ਨੂੰ ਇਸ ਮੁੱਦੇ ਉੱਤੇ ਲੰਮੇਂ ਹੱਥੀਂ ਲੈ ਚੁੱਕੇ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਹਾਊਸਿੰਗ ਮਾਰਕਿਟ ਦੀ ਹਾਲਤ ਕਾਫੀ ਮਾੜੀ ਹੈ, ਦੂਜੇ ਪਾਸੇ ਘਰਾਂ ਦੀਆਂ ਕੀਮਤਾਂ ਅਸਮਾਨੀ ਛੋਹ ਰਹੀਆਂ ਹਨ, ਉੱਤੋਂ ਕਿਰਾਇਆ ਤੇ ਵਿਆਜ਼ ਦਰਾਂ ਵੀ ਨਿੱਤ ਵੱਧ ਰਹੀਆਂ ਹਨ। ਇਸ ਕਾਰਨ ਆਮ ਆਦਮੀ ਨੂੰ ਰਹਿਣ ਦਾ ਕੋਈ ਟਿਕਾਣਾ ਨਹੀਂ ਮਿਲ ਪਾ ਰਿਹਾ ਤੇ ਲੋਕਾਂ ਦੀਆਂ ਜੇਬ੍ਹਾਂ ਉੱਤੇ ਬੋਝ ਵੱਧਦਾ ਜਾ ਰਿਹਾ ਹੈ।

## ਗੱਡੀਆਂ ਦੀ ਆਹਮੋ ਸਾਹਮਣੀ ਟੱਕਰ ਵਿੱਚ ਇੱਕ ਗੰਭੀਰ ਜ਼ਖ਼ਮੀ, ਇੱਕ ਹਿਰਾਸਤ ਵਿੱਚ



ਮਿਲਟਨ, 14 ਅਗਸਤ (ਪੋਸਟ ਬਿਊਰੋ) : ਮਿਲਟਨ ਵਿੱਚ ਹਾਈਵੇਅ 401 ਉੱਤੇ ਦੋ ਗੱਡੀਆਂ ਦੀ ਆਹਮੋ ਸਾਹਮਣੇ ਹੋਈ ਟੱਕਰ ਵਿੱਚ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ ਜਦਕਿ ਦੂਜੇ ਨੂੰ ਨਸ਼ਾ ਕਰਕੇ ਗੱਡੀ ਚਲਾਉਣ ਦੇ ਦੋਸ਼ ਵਿੱਚ ਹਿਰਾ-ਸਤ ਵਿੱਚ ਲੈ ਲਿਆ ਗਿਆ। ਇਸ ਮਾਮਲੇ ਦੀ ਜਾਂਚ ਲਈ ਹਾਈਵੇਅ ਦੇ ਇਸ ਹਿੱਸੇ ਨੂੰ ਥੋੜ੍ਹੀ ਦੇਰ ਲਈ ਬੰਦ ਕਰ ਦਿੱਤਾ ਗਿਆ ਹੈ।

ਇਹ ਹਾਦਸਾ ਸੋਮਵਾਰ ਨੂੰ ਸਵੇਰੇ 5:00 ਵਜੇ ਦੇ ਨੇੜੇ ਤੇੜੇ ਗੁਐਲਫ ਲਾਈਨ ਦੇ ਪੱਛਮ ਵੱਲ ਪੱਛਮ ਵਾਲੀਆਂ ਲੇਨਜ਼ ਵਿੱਚ ਵਾਪਰਿਆ। ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਇਸ ਹਾਦਸੇ ਵਿੱਚ ਦੋ ਗੱਡੀਆਂ ਸ਼ਾਮਲ ਹਨ ਤੇ ਗਲਤ ਪਾਸੇ ਆਉਣ ਵਾਲੀ ਗੱਡੀ ਦੇ ਡਰਾਈਵਰ ਨੂੰ ਨਸ਼ਾ ਕਰਕੇ ਗੱਡੀ ਚਲਾਉਣ ਦੇ ਸ਼ੱਕ ਵਿੱਚ ਹਿਰਾਸਤ ਵਿੱਚ ਲੈ ਲਿਆ ਗਿਆ।

ਦੂਜੀ ਗੱਡੀ ਦੇ ਡਰਾਈਵਰ ਨੂੰ ਗੰਭੀਰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਹਿਰਾਸਤ ਵਿੱਚ ਲਏ ਗਏ ਡਰਾਈਵਰ ਨੂੰ ਬਹੁਤੀਆਂ ਸੱਟਾਂ ਨਹੀਂ ਲੱਗੀਆਂ ਹਨ। ਪੱਛਮ ਵਾਲੇ ਪਾਸੇ ਜਾਣ ਵਾਲੇ ਟਰੈਫਿਕ ਨੂੰ ਗੁਐਲਫ ਲਾਈਨ ਵਾਲੇ ਪਾਸਿਓਂ ਭੇਜਿਆ ਜਾ ਰਿਹਾ ਹੈ। ਪੂਰਬ ਵਾਲੀਆਂ ਸਾਰੀਆਂ ਲੇਨਜ਼ ਖੁੱਲ੍ਹੀਆਂ ਹਨ। ਹਾਈਵੇਅ ਨੂੰ ਮੁੜ ਕਦੋਂ ਖੋਲ੍ਹਿਆ ਜਾਵੇਗਾ ਇਸ ਬਾਰੇ ਅਜੇ ਕੋਈ ਜਾਣਕਾਰੀ ਨਹੀਂ ਦਿੱਤੀ ਗਈ।

## ਰੂਸੀ ਗੋਲਾਬਾਰੀ ਵਿਚ 23 ਦਿਨਾਂ ਦੀ ਬੱਚੀ ਸਮੇਤ 7 ਯੂਕਰੇਨੀਆਂ ਦੀ ਮੌਤ



ਖਰਸੋਨ, 14 ਅਗਸਤ (ਪੋਸਟ ਬਿਊਰੋ): ਐਤਵਾਰ ਨੂੰ ਯੂਕਰੇਨ ਦੇ ਖਰਸੋਨ ਇਲਾਕੇ ਵਿਚ ਰੂਸੀ ਗੋਲਾਬਾਰੀ ਕਾਰਨ 7 ਲੋਕਾਂ ਦੀ ਮੌਤ ਹੋ ਗਈ। ਮਰਨ ਵਾਲਿਆਂ 'ਚ 23 ਦਿਨਾਂ ਦੀ ਬੱਚੀ ਅਤੇ ਪਰਿਵਾਰ ਦੇ 4 ਮੈਂਬਰ ਸ਼ਾਮਿਲ ਹਨ। ਯੂਕਰੇਨ ਦੇ ਗ੍ਰਹਿ ਮੰਤਰੀ ਨੇ ਇਸ ਦੀ ਜਾਣਕਾਰੀ ਦਿੱਤੀ ਹੈ। ਉਨ੍ਹਾਂ ਦੱਸਿਆ ਕਿ ਗੋਲੀਬਾਰੀ ਖਰਸੋਨ ਦੇ ਨਿਪਰ ਨਦੀ ਦੇ ਕੰਢੇ ਸ਼ਿਰੋਕਾ ਬਾਲਕਾ ਪਿੰਡ ਵਿਚ ਹੋਈ। ਗੋਲੀਬਾਰੀ ਤੋਂ ਬਾਅਦ ਇਕ 12 ਸਾਲਾ ਲੜਕਾ ਜ਼ਖਮੀ ਹੋਇਆ ਮਿਲਿਆ, ਜਿਸ ਦੀ ਹਸਪਤਾਲ ਵਿਚ ਮੌਤ ਹੋ ਗਈ।

ਗ੍ਰਹਿ ਮੰਤਰੀ ਨੇ ਇੱਕ ਟੈਲੀਗ੍ਰਾਮ ਪੋਸਟ ਵਿਚ ਲਿਖਿਆ-ਅੱਤਵਾਦੀ (ਰੂਸੀ ਸੈਨਿਕ) ਕਦੇ ਵੀ ਲੋਕਾਂ ਨੂੰ ਮਾਰਨਾ ਬੰਦ ਨਹੀਂ ਕਰਨਗੇ। ਉਨ੍ਹਾਂ ਅੱਤਵਾਦੀਆਂ ਨੂੰ ਪੂਰੀ ਤਾਕਤ ਨਾਲ ਰੋਕਣ ਦੀ ਲੋੜ ਹੈ। ਉਹ ਹੋਰ ਕੁਝ ਨਹੀਂ ਸਮਝਦੇ। ਯੂਕਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਨਸਕੀ ਨੇ ਵੀ ਹਮਲੇ ਦੀ ਨਿੰਦਾ ਕੀਤੀ ਹੈ।

NOW HIRING !!!
ALLKIND INSURANCE
Life Insurance
Critical illness Ins
Travel & Visitor Ins
RESP & TFSA & RRSP
Super Visa Insurance
Mortgage Insurance
Disability Insurance
Funeral Insurance
SIMRAN SAINI
416.994.7272
www.allkindinsurance.com

INSURANCE
Home
Business
Life Insurance
Auto
Trucking
Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

Law Office of Aman Sharma
Real Estate
Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6
Brampton, ON, L6P 3W4
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
Mouse & Rats
Spiders & Fleas
Bedbugs
Wasps
Cockroaches
Carpenter Ants
Silver Fish
Racoons
Call : PARESH PATEL
(Government Approved Licensed Technician)
416 938 4598

KELLEY LAW OFFICE
Immigration
Family Law
Corporate
Real Estate
Business Closing
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

OURR HOME & APPLIANCES
UNBEATABLE DEALS FOR THE WEEK
AT OURR HOME APPLIANCES!
REGULAR PACKAGE $3599
SWITCH TO ELECTRIC STOVE
IN $0
JENNAIR CAFÉ KitchenAid FOR THE WAY IT'S MADE! Electrolux LG FRIGIDAIRE elica
BOSCH Whirlpool GE MAYTAG AMANA SAMSUNG VentAHood Hisense Danby
Unit #1, 241 Clarence Street, Brampton, ON, L6W 3E7, (416) 551-3343
44 Fasken Dr, Unit#2-9, Etobicoke, ON, M9W 5M8, (416) 792-0877
5781 Highway 7 Unit 10, Vaughan, ON, L4L 1T8, (416) 477-5556
1050 Speers Road, Oakville, ON, L6L 2X4, (416) 613-0555
Unit #6 - 410 Lewis Road, Stoney Creek, ON, L8E 5Y7, (905) 643-0818
Unit #4 -1540 Fanshawe Park Road West, London, ON, N6H 5L8, (519) 641-1010
416-551-5553 | www.ourrhomeappliances.com

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਕਰਜ਼ੇ ਦੀ ਸਿਰਦਰਦੀ ?
www.MakeMeDebtFree.ca
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
Late Evening and Weekends Appointments Available
1888 864 3131
Jasbir Singh Hundal
Qualified Credit Counsellor
416-502-3100
Unit #20 - 7015 Tranmere Drive Mississauga, ON L5S 1T7

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Avon Financial Inc. Advice you can bank on.
Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

ਨਵਾਂ ਘਾਹ ਲਵਾਉ | 647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Allstate. You're in good hands.
Insurance
Trademark used under licence by Allstate Insurance Company. 232374 | 6-23
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axel InsuranceBrokers Ltd.
1332 Khalsa Dr, Unit # 11, Mississauga, ON L5S 0A2

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

MANN LAW FIRM
Real Estate Law
Wills & Estates
Power of Attorney
Affidavits Notarization / Declaration
Business Law
Family Law
Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਚੀਨ ਵਿਚ ਸਕੂਲ ਦੇ ਸਿਲੇਬਸ 'ਤੇ ਛਿੜਿਆ ਵਿਵਾਦ, ਲੜਕੀਆਂ ਨੂੰ ਕਿਹਾ ਗਿਆ ਕਿ ਜਿਨਸੀ ਸ਼ੋਸ਼ਣ ਤੋਂ ਬਚਣਾ ਹੈ ਤਾਂ ਭੜਕੀਲੇ ਕੱਪੜੇ ਨਾ ਪਾਓ




ਬੀਜਿੰਗ, 14 ਅਗਸਤ (ਪੋਸਟ ਬਿਊਰੋ): ਚੀਨ ਵਿਚ ਇੱਕ ਸਕੂਲ ਦੇ ਸਿਲੇਬਸ ਨੂੰ ਲੈ ਕੇ ਬਹਿਸ ਛਿੜ ਗਈ ਹੈ। ਮਾਮਲਾ ਦੱਖਣੀ ਚੀਨ ਦੇ ਇੱਕ ਮਿਡਲ ਸਕੂਲ ਨਾਲ ਸਬੰਧਤ ਹੈ। ਇਸ ਸਕੂਲ ਦੇ ਸਿਲੇਬਸ ਵਿਚ ਮਾਨਸਿਕ ਸਿਹਤ ਸਿੱਖਿਆ ਦਾ ਇੱਕ ਅਧਿਆਏ ਸ਼ਾਮਿਲ ਕੀਤਾ ਗਿਆ ਹੈ।

ਇਸ ਅਧਿਆਏ ਵਿਚ ਲੜਕੀਆਂ ਨੂੰ ਭੜਕਾਊ ਜਾਂ ਦਿਖਾਵੇ ਵਾਲੇ ਕੱਪੜੇ ਨਾ ਪਾਉਣ ਅਤੇ ਫਲਰਟ ਕਰਨ ਦੀ ਕੋਸ਼ਿਸ਼ ਨਾ ਕਰਨ ਲਈ ਕਿਹਾ ਗਿਆ ਹੈ। ਚੈਪਟਰ ਵਿਚ ਕਿਹਾ ਗਿਆ ਹੈ ਕਿ ਜੇਕਰ ਲੜਕੀਆਂ ਇਨ੍ਹਾਂ ਚੀਜ਼ਾਂ ਤੋਂ ਪ੍ਰਹੇਜ਼ ਨਹੀਂ ਕਰਦੀਆਂ ਤਾਂ ਉਨ੍ਹਾਂ ਨੂੰ ਜਿਨਸੀ ਸ਼ੋਸ਼ਣ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

ਅਮਰੀਕੀ ਟੀਵੀ ਚੈਨਲ 'ਸੀਐੱਨਐੱਨ' ਨੇ ਚੀਨ ਦੇ ਪੀਪਲਜ਼ ਡੇਲੀ ਅਖ਼ਬਾਰ ਦੇ ਹਵਾਲੇ ਨਾਲ ਇਸ ਵਿਵਾਦ ਬਾਰੇ ਰਿਪੋਰਟ ਪ੍ਰਕਾਸ਼ਿਤ ਕੀਤੀ ਹੈ। ਇਸ ਮੁਤਾਬਕ ਮਾਮਲਾ ਝਾਓਕਿੰਗ ਸ਼ਹਿਰ ਦੇ ਇੱਕ ਨਾਮੀ ਮਿਡਲ ਸਕੂਲ ਦਾ ਹੈ। ਇਹ ਸ਼ਹਿਰ ਗੁਆਂਗਡੋਂਗ ਸੂਬੇ ਵਿਚ ਆਉਂਦਾ ਹੈ। ਇਸ ਸਕੂਲ ਵਿਚ ਪਿਛਲੇ ਸਾਲ ਸਿਲੇਬਸ ਵਿਚ ਮਾਨਸਿਕ ਸਿਹਤ ਸਿੱਖਿਆ ਨੂੰ ਸ਼ਾਮਿਲ ਕੀਤਾ ਗਿਆ ਸੀ ਪਰ ਸਿਲੇਬਸ ਦੀ ਸਮੱਗਰੀ ਸੈਕਸ ਐਜੂਕੇਸ਼ਨ ਵਰਗੀ ਹੈ।

ਸਿਲੇਬਸ ਭਾਵੇਂ ਪਿਛਲੇ ਸਾਲ ਲਾਗੂ ਹੋ ਗਿਆ ਹੋਵੇ, ਪਰ ਇਸਦੀ ਅਧਿਐਨ ਸਮੱਗਰੀ ਹੁਣ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ। ਇਸ ਦੇ ਇੱਕ ਚੈਪਟਰ ਵਿਚ ਲੜਕੀਆਂ ਨੂੰ ਜਿਨਸੀ ਸ਼ੋਸ਼ਣ ਤੋਂ ਬਚਣ ਲਈ ਸੁਝਾਅ ਦਿੱਤੇ ਗਏ ਹਨ। ਇਸ ਅਨੁਸਾਰ ਲੜਕੀਆਂ ਨੂੰ ਪਾਰਦਰਸ਼ੀ ਪਹਿਰਾਵੇ ਦੀ ਥਾਂ ਸਾਦੇ ਕੱਪੜੇ ਪਾਉਣੇ ਚਾਹੀਦੇ ਹਨ। ਇਸ ਤੋਂ ਇਲਾਵਾ ਉਸ ਨੂੰ ਕੋਈ ਵੀ ਅਜਿਹੀ ਹਰਕਤ ਨਹੀਂ ਕਰਨੀ ਚਾਹੀਦੀ, ਜਿਸ ਕਾਰਨ ਇਹ ਲੱਗੇ ਕਿ ਉਹ ਫਲਰਟ ਕਰ ਰਹੀ ਹੈ। ਇਸ ਨਾਲ ਉਸ ਨੂੰ ਜਿਨਸੀ ਸ਼ੋਸ਼ਣ ਤੋਂ ਬਚਾਇਆ ਜਾ ਸਕੇਗਾ।

## ਪਾਕਿਸਤਾਨ ਨੇ ਮਨਾਇਆ ਆਜ਼ਾਦੀ ਦਿਵਸ: ਫੌਜ ਦੇ ਚੀਫ਼ ਨੇ ਚੁੱਕਿਆ ਕਸ਼ਮੀਰ ਦਾ ਮੁੱਦਾ



ਇਸਲਾਮਾਬਾਦ, 14 ਅਗਸਤ (ਪੋਸਟ ਬਿਊਰੋ): ਸੋਮਵਾਰ ਨੂੰ ਗੁਆਂਢੀ ਦੇਸ਼ ਪਾਕਿਸਤਾਨ ਦਾ ਸੁਤੰਤਰਤਾ ਦਿਵਸ ਸੀ। ਇਸ ਮੌਕੇ ਪਾਕਿਸਤਾਨ ਦੇ ਚੀਫ਼ ਆਫ਼ ਸਟਾਫ਼ ਜਨਰਲ ਆਸਿਮ ਮੁਨੀਰ ਨੇ ਕਿਹਾ ਹੈ ਕਿ ਪਾਕਿਸਤਾਨ ਆਪਣੀ ਆਜ਼ਾਦੀ ਨੂੰ ਬਚਾਉਣਾ ਜਾਣਦਾ ਹੈ। ਉਨ੍ਹਾਂ ਇਹ ਗੱਲ ਐਤਵਾਰ ਦੇਰ ਸ਼ਾਮ ਪਾਕਿਸਤਾਨ ਦੀ ਮਿਲਟਰੀ ਅਕੈਡਮੀ ਕਾਕੁਲ ਵਿਚ ਆਜ਼ਾਦੀ ਪਰੇਡ ਨੂੰ ਸੰਬੋਧਨ ਕਰਦਿਆਂ ਕਹੀ।

ਉਨ੍ਹਾਂ ਕਿਹਾ ਕਿ ਧਰਤੀ 'ਤੇ ਅਜਿਹੀ ਕੋਈ ਤਾਕਤ ਨਹੀਂ ਜੋ ਪਾਕਿਸਤਾਨ ਨੂੰ ਤਬਾਹ ਕਰ ਸਕੇ। ਆਰਥਿਕ ਸੰਕਟ, ਅੱਤਵਾਦ ਅਤੇ ਸਿਆਸੀ ਅਸਥਿਰਤਾ ਦਾ ਸਾਹਮਣਾ ਕਰ ਰਹੇ ਪਾਕਿਸਤਾਨ ਦੇ ਲੋਕਾਂ ਨੂੰ ਆਜ਼ਾਦੀ 'ਤੇ ਭਾਸ਼ਣ ਦਿੰਦੇ ਹੋਏ ਮੁਨੀਰ ਨੇ ਕਸ਼ਮੀਰ ਦਾ ਮੁੱਦਾ ਵੀ ਉਠਾਇਆ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਸਾਨੂੰ 76 ਸਾਲ ਪਹਿਲਾਂ ਆਜ਼ਾਦੀ ਮਿਲੀ ਸੀ, ਉਸੇ ਤਰ੍ਹਾਂ ਕਸ਼ਮੀਰ ਦੇ ਲੋਕਾਂ ਨੂੰ ਵੀ ਕਾਬਜ਼ ਫ਼ੌਜਾਂ ਤੋਂ ਆਜ਼ਾਦੀ ਮਿਲੇਗੀ।

ਪਾਕਿ ਫੌਜ ਦੇ ਮੁਖੀ ਮੁਨੀਰ ਨੇ ਕੌਮਾਂਤਰੀ ਭਾਈਚਾਰੇ ਨੂੰ ਕਸ਼ਮੀਰ 'ਤੇ ਕਥਿਤ ਕਬਜ਼ੇ ਨੂੰ ਲੈ ਕੇ ਚਰਚਾ ਕਰਨ ਦੀ ਅਪੀਲ ਕੀਤੀ ਹੈ। ਇਸ ਦੇ ਨਾਲ ਹੀ ਭਾਰਤ ਦੇ ਰਾਸ਼ਟਰਵਾਦ 'ਤੇ ਉਂਗਲ ਉਠਾਉਂਦੇ ਹੋਏ ਉਨ੍ਹਾਂ ਕਿਹਾ ਕਿ ਦੁਨੀਆਂ ਨੂੰ ਇਸ ਵੱਲ ਧਿਆਨ ਦੇਣ ਦੀ ਲੋੜ ਹੈ। ਕੋਈ ਵੀ ਹਮਲਾਵਰ ਵਿਚਾਰ ਸਾਨੂੰ ਮਜ਼ਬੂਰ ਨਹੀਂ ਬਣਾ ਸਕਦਾ। ਇਹ ਖੇਤਰ ਦੋ ਪ੍ਰਮਾਣੂ ਸ਼ਕਤੀਆਂ ਵਿਚਕਾਰ ਦੁਸ਼ਮਣੀ ਦੀ ਸਥਿਤੀ ਵਿੱਚ ਨਹੀਂ ਹੈ। ਭਾਰਤ 'ਤੇ ਦੋਸ਼ ਲਗਾਉਂਦੇ ਹੋਏ ਪਾਕਿਸਤਾਨੀ ਫੌਜ ਮੁਖੀ ਨੇ ਕਿਹਾ ਕਿ ਸਾਡਾ ਵਿਰੋਧੀ ਸਿਆਸੀ ਫਾਇਦੇ ਲਈ ਸਾਡੇ ਖਿਲਾਫ ਆਪਣੇ ਮਨਸੂਬਿਆਂ ਨੂੰ ਵਧਾ ਰਿਹਾ ਹੈ। ਮੈਂ ਉਨ੍ਹਾਂ ਨੂੰ ਉਹ ਜਵਾਬ ਯਾਦ ਦਿਵਾਉਣਾ ਚਾਹੁੰਦਾ ਹਾਂ ਜਦੋਂ ਉਨ੍ਹਾਂ ਨੇ ਪਿਛਲੀ ਵਾਰ ਅਜਿਹਾ ਕੋਈ ਯਤਨ ਕੀਤਾ ਸੀ।

## ਅੱਜ ਨਾਮਾ

ਦਿਨ ਆਜ਼ਾਦੀ ਦਾ ਆਇਆ ਤਾਂ ਮਨ ਚਾਹੇ,
ਧੰਨ-ਧੰਨ ਆਜ਼ਾਦੀ ਨੇ ਹੋਵੇ ਕਰਾਈ ਬੇਲੀ।
ਰੁਜ਼ਗਾਰ ਮਿਲ ਸਕਦਾ ਹੋਵੇ ਸਾਰਿਆਂ ਲਈ,
ਆ ਗਈ ਕਾਬੂ ਕੁਝ ਹੋਵੇ ਮਹਿੰਗਾਈ ਬੇਲੀ।
ਵੱਸਦੇ ਸੁਖੀ ਹੋਵਣ ਮਿਲ ਕੇ ਮੁਲਕ ਵਾਸੀ,
ਗੱਲ ਗੱਲ ਉੱਤੇ ਨਹੀਂ ਹੋਵੇ ਲੜਾਈ ਬੇਲੀ।
ਦੁਸ਼ਮਣ ਵਾਂਗ ਨਹੀਂ ਝਾਕੇ ਕੋਈ ਹੋਰਨਾਂ ਨੂੰ,
ਰਲ-ਮਿਲ ਰਹਿਣ ਸਾਰੇ ਭਾਈ ਭਾਈ ਬੇਲੀ।
ਸੁਫਨਾ ਹਾਲੇ ਨਹੀਂ ਇੱਦਾਂ ਦਾ ਸਿਰੇ ਚੜ੍ਹਿਆ,
ਮੁੜ-ਮੁੜ ਕਰਦੀ ਆ ਹਾਲਤ ਉਦਾਸ ਬੇਲੀ।
ਆਸਾਂ ਦੇ ਨਾਲ ਆ ਕਾਇਮ ਜਹਾਨ ਸੁਣਿਆ,
ਤਾਹੀਉਂ ਛੱਡ ਰਹੇ ਅਸੀਂ ਨਹੀਂ ਆਸ ਬੇਲੀ।

**ਤੀਸ ਮਾਰ ਖਾਂ**

## ਜਰਮਨੀ ਦੇ ਵਿਦੇਸ਼ ਮੰਤਰੀ ਦਾ ਜਹਾਜ਼ ਆਬੂ ਧਾਬੀ ਤੋਂ ਉਡਾਣ ਭਰਨ ਤੋਂ ਬਾਅਦ ਹਵਾ ਵਿਚ ਹੋਇਆ ਖਰਾਬ, ਹਾਦਸਾ ਟਲਿਆ



ਆਬੂ ਧਾਬੀ, 14 ਅਗਸਤ (ਪੋਸਟ ਬਿਊਰੋ): ਜਰਮਨੀ ਦੀ ਵਿਦੇਸ਼ ਮੰਤਰੀ ਏਨਾਲੇਨਾ ਬੇਅਰਬਾਕ ਦੇ ਜਹਾਜ਼ ਵਿਚ ਅਚਾਨਕ ਖਰਾਬੀ ਆ ਗਈ। ਇਸ ਤੋਂ ਬਾਅਦ ਉਨ੍ਹਾਂ ਨੂੰ ਆਪਣੀ ਅਗਲੀ ਯਾਤਰਾ ਰੱਦ ਕਰਨੀ ਪਈ। ਉਹ ਸੋਮਵਾਰ ਨੂੰ ਆਪਣੇ ਸਰਕਾਰੀ ਜਹਾਜ਼ ਵਿਚ ਉਡਾਣ ਭਰ ਰਹੇ ਸਨ। ਇਸ ਦੌਰਾਨ ਤਕਨੀਕੀ ਖਰਾਬੀ ਆ ਗਈ। ਫਿਰ ਉਹ ਆਬੂ ਧਾਬੀ ਵਿਚ ਫਸ ਗਏ, ਜਿਸ ਕਾਰਣ ਉਨ੍ਹਾਂ ਨੂੰ ਆਸਟ੍ਰੇਲੀਆ ਜਾਣ ਦੀ ਥਾਂ ਹਵਾਈ ਅੱਡੇ 'ਤੇ ਵਾਪਿਸ ਜਾਣਾ ਪਿਆ। ਜਹਾਜ਼ ਖਰਾਬ ਹੋਣ ਦੀਆਂ ਅਜਿਹੀਆਂ ਘਟਨਾਵਾਂ ਪਹਿਲਾਂ ਵੀ ਵਾਪਰ ਚੁੱਕੀਆਂ ਹਨ। ਪਰ ਇਹ ਤਾਜ਼ਾ ਘਟਨਾ ਹੈ। ਨੁਕਸ ਦਾ ਪਤਾ ਉਦੋਂ ਲੱਗਾ ਜਦੋਂ ਜਹਾਜ਼ ਹਵਾ ਵਿਚ ਸੀ। ਪਾਇਲਟ ਨੂੰ ਸਮੇਂ 'ਤੇ ਤਕਨੀਕੀ ਖਰਾਬੀ ਦਾ ਅਹਿਸਾਸ ਹੋ ਗਿਆ। ਨਹੀਂ ਤਾਂ ਵੱਡਾ ਹਾਦਸਾ ਵਾਪਰ ਸਕਦਾ ਸੀ।

ਜਰਮਨ ਵਿਦੇਸ਼ ਮੰਤਰਾਲੇ ਦੇ ਬੁਲਾਰੇ ਸੇਬੇਸਟਿਅਨ ਫਿਸ਼ਰ ਨੇ 'ਐਕਸ' (ਟਵਿੱਟਰ) 'ਤੇ ਲਿਖਿਆ ਕਿ ਵਿਦੇਸ਼ ਮੰਤਰੀ ਏਨਾਲੇਨਾ ਬੀਅਰਬਾਕ ਆਸਟ੍ਰੇਲੀਆ, ਨਿਊਜ਼ੀਲੈਂਡ ਅਤੇ ਫਿਜੀ ਦੀ ਆਪਣੀ ਯਾਤਰਾ ਦੀ ਸ਼ੁਰੂਆਤ ਵਿਚ ਸੋਮਵਾਰ ਰਾਤ ਨੂੰ ਆਸਟ੍ਰੇਲੀਆ ਦੀ ਰਾਜਧਾਨੀ ਕੈਨਬਰਾ ਪਹੁੰਚਣ ਵਾਲੇ ਸਨ। ਪਰ ਜਰਮਨ ਹਵਾਈ ਫੌਜ ਦੇ ਜਹਾਜ਼ ਏਅਰਬੱਸ ਏ-340 ਵਿਚ "ਲੈਂਡਿੰਗ ਫਲੈਪ ਵਿਚ ਤਕਨੀਕੀ ਖਰਾਬੀ" ਪੈਦਾ ਹੋ ਗਈ, ਜਿਸ ਕਾਰਨ ਜਹਾਜ਼ ਨੂੰ ਆਬੂ ਧਾਬੀ ਵਾਪਿਸ ਪਰਤਣਾ ਪਿਆ। ਪਾਇਲਟ ਨੇ ਟੇਕ-ਆਫ ਦੇ ਕੁਝ ਮਿੰਟਾਂ ਬਾਅਦ ਸਮੱਸਿਆ ਦਾ ਪਤਾ ਲਗਾਇਆ ਅਤੇ ਜਹਾਜ਼ ਦੋ ਘੰਟੇ ਬਾਅਦ ਸੁਰੱਖਿਅਤ ਢੰਗ ਨਾਲ ਲੈਂਡ ਕਰ ਗਿਆ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜ਼ੁਰਬਾ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜ਼ੁਰਬਾ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience


SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS
uktruck1@gmail.com
Jitpal Singh Deol
647-204-1936

# ਅਨਵਾਰ ਕਾਕੜ ਪਾਕਿਸਤਾਨ ਦੇ 8ਵੇਂ ਕਾਰਜਕਾਰੀ ਪ੍ਰਧਾਨ ਮੰਤਰੀ ਬਣੇ



ਇਸਲਾਮਾਬਾਦ, 14 ਅਗਸਤ (ਪੋਸਟ ਬਿਊਰੋ): ਅਨਵਾਰ ਉਲ ਹੱਕ ਕਾਕੜ ਪਾਕਿਸਤਾਨ ਦੇ 8ਵੇਂ ਕਾਰਜਕਾਰੀ ਪ੍ਰਧਾਨ ਮੰਤਰੀ ਬਣ ਗਏ ਹਨ। ਉਨ੍ਹਾਂ ਨੇ ਸੋਮਵਾਰ ਦੁਪਹਿਰ ਨੂੰ ਸਹੁੰ ਚੁੱਕੀ। ਇਸ ਦੌਰਾਨ ਸਾਬਕਾ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ, ਰਾਸ਼ਟਰਪਤੀ ਆਰਿਫ ਅਲਵੀ ਅਤੇ ਫੌਜ ਮੁਖੀ ਸਈਦ ਅਸੀਮ ਮੁਨੀਰ ਵੀ ਮੌਜੂਦ ਸਨ।

ਆਰਿਫ ਅਲਵੀ ਨੇ ਕਾਕੜ ਨੂੰ ਅਹੁਦੇ ਅਤੇ ਗੁਪਤਾ ਦੀ ਸਹੁੰ ਚੁਕਾਈ। ਇਸ ਤੋਂ ਪਹਿਲਾਂ ਅਨਵਾਰ ਸੈਨੇਟ ਦੇ ਚੇਅਰਮੈਨ ਸਾਦਿਕ ਸੰਜਰਾਨੀ ਨੂੰ ਮਿਲਣ ਗਏ ਅਤੇ ਸੈਨੇਟ ਤੋਂ ਆਪਣਾ ਅਸਤੀਫਾ ਸੌਂਪ ਦਿੱਤਾ। ਸੰਜਰਾਨੀ ਨੇ ਤੁਰੰਤ ਸਵੀਕਾਰ ਕਰ ਲਿਆ।

ਕਾਕੜ ਨੂੰ ਫੌਜ ਦਾ ਕਰੀਬੀ ਮੰਨਿਆ ਜਾਂਦਾ ਹੈ। ਫੌਜ ਮੁਖੀ ਅਸੀਮ ਮੁਨੀਰ ਵੀ ਉਨ੍ਹਾਂ ਦਾ ਦੋਸਤ ਦੱਸਿਆ ਜਾਂਦਾ ਹੈ। ਇਹੀ ਕਾਰਨ ਹੈ ਕਿ ਬਲੋਚਿਸਤਾਨ ਦੇ ਕਈ ਨੇਤਾਵਾਂ ਨੇ ਉਨ੍ਹਾਂ ਨੂੰ ਕਾਰਜਕਾਰੀ ਪ੍ਰਧਾਨ ਮੰਤਰੀ ਬਣਾਉਣ ਵਿਰੁੱਧ ਆਵਾਜ਼ ਉਠਾਈ ਸੀ।

## ਜਸਪ੍ਰੀਤ ਕੌਰ ਸਰਾਂ ਦੀ ਚੋਣ ਏਸ਼ੀਅਨ ਪੈਰਾ ਉਲੰਪਿਕ ਖੇਡਾਂ ਵਿੱਚ ਡਿਸਕਸ ਥਰੋ ਲਈ ਹੋਈ



ਫਰੀਦਕੋਟ, 14 ਅਗਸਤ (ਗਿਆਨ ਸਿੰਘ):ਜ਼ਿਲ੍ਹਾ ਫ਼ਰੀਦਕੋਟ ਦੇ ਪਿੰਡ ਨਵਾਂ ਕਿਲਾ ਦੀ ਰਹਿਣ ਵਾਲੀ ਜਸਪ੍ਰੀਤ ਕੌਰ ਸਰਾਂ ਦੀ ਚੋਣ ਪੈਰਾ ਅਥਲੈਟਿਕਸ ਡਿਸਕਸ ਥਰੋ ਵਿੱਚ ਭਾਰਤ ਦੀ ਪ੍ਰਤੀਨਿਧਤਾ ਕਰਨ ਲਈ ਹੋਈ ਹੈ। ਡਿਪਟੀ ਕਮਿਸ਼ਨਰ ਫਰੀਦਕੋਟ ਵਿਨੀਤ ਕੁਮਾਰ ਆਈ।ਏ।ਐਸ। ਨੇ ਜਸਪ੍ਰੀਤ ਕੌਰ ਸਰਾਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਦੱਸਿਆ ਕਿ ਜਸਪ੍ਰੀਤ ਪੰਜਾਬ ਦੀਆਂ ਸਮੁੱਚੀਆਂ ਕੁੜੀਆਂ ਲਈ ਪ੍ਰੇਰਨਾ ਸਰੋਤ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਸਪ੍ਰੀਤ ਕੌਰ ਸਰਾਂ ਦੀ ਹਰ ਪੱਧਰ ਤੇ ਸਹਾਇਤਾ ਕੀਤੀ ਜਾਵੇਗੀ। ਜਸਪ੍ਰੀਤ ਸਿੰਘ ਧਾਲੀਵਾਲ ਸਕੱਤਰ ਪੰਜਾਬ ਪੈਰਾ ਸਪੋਰਟ ਨੇ ਦੱਸਿਆ ਕਿ 2001 ਵਿੱਚ ਜਸਪ੍ਰੀਤ ਕੌਰ ਇੱਕ ਅੰਤਰਰਾਸ਼ਟਰੀ ਕਬੱਡੀ ਮੈਚ ਦੌਰਾਨ ਫੱਟੜ ਹੋਈ ਸੀ ਅਤੇ ਉਸ ਨੂੰ ਰੀੜ੍ਹ ਦੀ ਹੱਡੀ ਦੀ ਸੱਟ ਲੱਗੀ ਸੀ। ਇਸ ਤੋਂ ਬਾਅਦ ਉਹ ਚੱਲਣ ਫਿਰਨ ਤੋਂ ਅਸਮਰੱਥ ਹੋ ਗਈ ਸੀ ਪਰ ਉਸਨੇ ਆਪਣਾ ਹੌਂਸਲਾ ਨਹੀਂ ਹਾਰਿਆ। ਉਸ ਦੇ ਹੌਸਲੇ ਸਦਕਾ ਹੀ ਉਸ ਦੀ ਚੋਣ ਚੀਨ ਵਿਚ ਹੋ ਰਹੀਆਂ ਏਸ਼ੀਅਨ ਪੈਰਾ ਉਲੰਪਿਕ ਖੇਡਾਂ ਵਿਚ ਡਿਸਕਸ ਥਰੋ ਵਿਚ ਹੋਈ ਹੈ।

ਇਸ ਮੌਕੇ ਜ਼ਿਲ੍ਹਾ ਖੇਡ ਅਫਸਰ ਵੱਲੋਂ ਦਰਸ਼ਨ ਪਾਲ ਸ਼ਰਮਾ ਹੈਂਡਬਾਲ ਕੋਚ, ਸ਼ਮਿੰਦਰ ਸਿੰਘ ਢਿੱਲੋਂ ਖ਼ਜਾਨਚੀ ਪੰਜਾਬ ਪੈਰਾ ਸਪੋਰਟ, ਅਮਨਦੀਪ ਸਿੰਘ ਆਦਿ ਨੇ ਵੀ ਜਸਪ੍ਰੀਤ ਕੌਰ ਦੀ ਹੌਸਲਾ ਅਫ਼ਜ਼ਾਈ ਕੀਤੀ।

# 77ਵੇਂ ਆਜ਼ਾਦੀ ਦਿਵਸ ਮੌਕੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕੀਤਾ ਦੇਸ਼ ਵਾਸੀਆਂ ਨੂੰ ਸੰਬੋਧਨ, ਔਰਤ ਸਸ਼ਕਤੀਕਰਨ ਨੂੰ ਤਰਜੀਹ ਦੇਣ ਲਈ ਕਿਹਾ

ਨਵੀਂ ਦਿੱਲੀ, 14 ਅਗਸਤ (ਪੋਸਟ ਬਿਊਰੋ): ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ 76ਵੇਂ ਆਜ਼ਾਦੀ ਦਿਵਸ ਦੀ ਪੂਰਵ ਸੰਧਿਆ ’ਤੇ ਰਾਸ਼ਟਰ ਨੂੰ ਸੰਬੋਧਨ ਕੀਤਾ। ਆਜ਼ਾਦੀ ਦਿਹਾੜੇ ਦੀ ਵਧਾਈ ਦਿੰਦਿਆਂ ਉਨ੍ਹਾਂ ਕਿਹਾ ਸਾਰੇ ਦੇਸ਼ ਵਾਸੀ ਉਤਸ਼ਾਹ ਨਾਲ ਅੰਮ੍ਰਿਤ ਮਹੋਤਸਵ ਮਨਾ ਰਹੇ ਹਨ ।

ਹਰ ਕੋਈ ਉਤਸ਼ਾਹ ਨਾਲ ਆਜ਼ਾਦੀ ਦਿਵਸ ਮਨਾਉਣ ਦੀਆਂ ਤਿਆਰੀਆਂ ਕਰ ਰਿਹਾ ਹੈ। ਇਹ ਮੈਨੂੰ ਆਪਣੇ ਬਚਪਨ ਦੀ ਵੀ ਯਾਦ ਦਿਵਾਉਂਦਾ ਹੈ। ਜਦੋਂ ਤਿਰੰਗਾ ਲਹਿਰਾਇਆ ਗਿਆ ਤਾਂ ਇੰਜ ਜਾਪਦਾ ਸੀ ਜਿਵੇਂ ਸਰੀਰ ਵਿੱਚ ਜੋਸ਼ ਦੀ ਬਿਜਲੀ ਗੁਜਰ ਰਹੀ ਹੋਵੇ। ਮਠਿਆਈਆਂ ਵੰਡੀਆਂ ਜਾਂਦੀਆਂ ਹਨ । ਆਜ਼ਾਦੀ ਦਿਹਾੜਾ ਹਰ ਕਿਸੇ ਨੂੰ ਜੋਸ਼ ਨਾਲ ਭਰ ਦਿੰਦਾ ਸੀ। ਇਹ ਦਿਨ ਸਾਡੇ ਸਾਰਿਆਂ ਲਈ ਮਾਣ ਅਤੇ ਪਵਿੱਤਰ ਹੈ। ਚਾਰੇ ਪਾਸੇ ਤਿਉਹਾਰ ਦਾ ਮਾਹੌਲ ਦੇਖ ਕੇ ਮੈਂ ਬਹੁਤ ਖੁਸ਼ ਹਾਂ।

ਰਾਸ਼ਟਰਪਤੀ ਨੇ ਕਿਹਾ ਕਿ ਜਾਤ, ਨਸਲ, ਭਾਸ਼ਾ ਅਤੇ ਖੇਤਰ ਤੋਂ ਇਲਾਵਾ ਸਾਡੇ ਪਰਿਵਾਰ ਅਤੇ ਕਾਰਜ ਖੇਤਰ ਨਾਲ ਵੀ ਸਾਡੀ ਇੱਕ ਪਛਾਣ ਜੁੜੀ ਹੋਈ ਹੈ। ਪਰ ਸਾਡੀ ਇੱਕ ਪਛਾਣ ਹੈ ਜੋ ਸਭ ਤੋਂ ਉੱਪਰ ਹੈ, ਅਤੇ ਸਾਡੀ ਉਹ ਪਛਾਣ ਹੈ ਭਾਰਤ ਦਾ ਨਾਗਰਿਕ ਹੋਣਾ। ਆਜ਼ਾਦੀ ਦਿਵਸ ਸਾਨੂੰ ਯਾਦ ਦਿਵਾਉਂਦਾ ਹੈ ਕਿ ਅਸੀਂ ਸਿਰਫ਼ ਵਿਅਕਤੀ ਨਹੀਂ ਹਾਂ, ਪਰ ਅਸੀਂ ਇੱਕ ਮਹਾਨ ਭਾਈਚਾਰੇ ਦਾ ਹਿੱਸਾ ਹਾਂ, ਜੋ ਆਪਣੀ ਕਿਸਮ ਦਾ ਸਭ ਤੋਂ ਵੱਡਾ ਅਤੇ ਸਭ ਤੋਂ ਵੱਧ ਜੀਵੰਤ ਹੈ। ਇਹ ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ ਦੇ ਨਾਗਰਿਕਾਂ ਦਾ ਭਾਈਚਾਰਾ ਹੈ।

ਸਾਨੂੰ 15 ਅਗਸਤ 1947 ਨੂੰ ਆਜ਼ਾਦੀ ਮਿਲੀ। ਸਾਡੀ ਆਜ਼ਾਦੀ ਦੀ ਲਹਿਰ ਸ਼ਾਨਦਾਰ ਸੀ। ਮਹਾਨ ਸੱਭਿਅਤਾ ਦੀਆਂ ਕਦਰਾਂ-ਕੀਮਤਾਂ ਨੂੰ ਲੋਕਾਂ ਤੱਕ ਪਹੁੰਚਾਇਆ। ਸਾਡੇ ਆਜ਼ਾਦੀ ਸੰਗਰਾਮ, ਸੱਚ-ਅਹਿੰਸਾ ਦੀਆਂ ਕਦਰਾਂ-ਕੀਮਤਾਂ ਪੂਰੀ ਦੁਨੀਆਂ ਨੇ ਅਪਣਾਈਆਂ ਹਨ। ਮਹਾਤਮਾ ਗਾਂਧੀ ਅਤੇ ਹੋਰ ਮਹਾਨ ਨਾਇਕਾਂ ਨੇ ਭਾਰਤ ਦੀ ਆਤਮਾ ਨੂੰ ਮੁੜ ਜਗਾਇਆ ਅਤੇ ਸਾਡੀ ਮਹਾਨ ਸਭਿਅਤਾ ਦੇ ਮੁੱਲਾਂ ਨੂੰ ਜਨਤਾ ਤੱਕ ਪਹੁੰਚਾਇਆ।

ਮੈਂ ਸਾਰੇ ਦੇਸ਼ ਵਾਸੀਆਂ ਨੂੰ ਔਰਤ ਸਸ਼ਕਤੀਕਰਨ ਨੂੰ ਪਹਿਲ ਦੇਣ ਦੀ ਅਪੀਲ ਕਰਦਾ ਹਾਂ। ਮੈਂ ਚਾਹਾਂਗਾ ਕਿ ਸਾਡੀਆਂ ਭੈਣਾਂ ਅਤੇ ਧੀਆਂ ਹਰ ਤਰ੍ਹਾਂ ਦੀਆਂ ਚੁਣੌਤੀਆਂ ਦਾ ਹਿੰਮਤ ਨਾਲ ਸਾਹਮਣਾ ਕਰਨ ਅਤੇ ਜ਼ਿੰਦਗੀ ਵਿੱਚ ਅੱਗੇ ਵਧਣ। ਅੱਜ ਔਰਤਾਂ ਹਰ ਖੇਤਰ ਵਿੱਚ ਆਪਣਾ ਯੋਗਦਾਨ ਪਾ ਕੇ ਦੇਸ਼ ਦਾ ਮਾਣ ਵਧਾ ਰਹੀਆਂ ਹਨ। ਮੈਨੂੰ ਖੁਸ਼ੀ ਹੈ ਕਿ ਔਰਤਾਂ ਦੇ ਆਰਥਿਕ ਸਸ਼ਕਤੀਕਰਨ ਦਾ ਧਿਆਨ ਰੱਖਿਆ ਜਾ ਰਿਹਾ ਹੈ।



ਅੱਜ ਅਸੀਂ ਦੇਖ ਰਹੇ ਹਾਂ ਕਿ ਭਾਰਤ ਨੇ ਵਿਸ਼ਵ ਵਿੱਚ ਇੱਕ ਚੰਗੀ ਥਾਂ ਬਣਾਈ ਹੈ। ਆਪਣੀਆਂ ਯਾਤਰਾਵਾਂ ਦੌਰਾਨ ਮੈਂ ਇੱਕ ਨਵਾਂ ਮਾਣ ਮਹਿਸੂਸ ਕੀਤਾ ਹੈ। ਭਾਰਤ ਵਿਸ਼ਵ ਵਿੱਚ ਮਨੁੱਖੀ ਕਦਰਾਂ-ਕੀਮਤਾਂ ਦੀ ਸਥਾਪਨਾ ਵਿੱਚ ਮੋਹਰੀ ਯੋਗਦਾਨ ਪਾ ਰਿਹਾ ਹੈ।

ਭਾਰਤ ਪੂਰੀ ਦੁਨੀਆ ਵਿੱਚ ਵਿਕਾਸ ਟੀਚਿਆਂ ਅਤੇ ਮਾਨਵਤਾਵਾਦੀ ਸਹਿਯੋਗ ਨੂੰ ਉਤਸ਼ਾਹਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਹੈ। 20 ਵਿਸ਼ਵ ਦੀ ਦੋ ਤਿਹਾਈ ਆਬਾਦੀ ਦੀ ਨੁਮਾਇੰਦਗੀ ਕਰਦਾ ਹੈ, ਇਸ ਲਈ ਇਹ ਸਾਡੇ ਲਈ ਵਿਸ਼ਵਵਿਆਪੀ ਤਰਜੀਹਾਂ ਨੂੰ ਸਹੀ ਦਿਸ਼ਾ ਵਿੱਚ ਅੱਗੇ ਵਧਾਉਣ ਦਾ ਇੱਕ ਵਿਲੱਖਣ ਮੌਕਾ ਹੈ। ਦੇਸ਼ ਨੇ ਚੁਣੌਤੀਆਂ ਨੂੰ ਮੌਕਿਆਂ ਵਿੱਚ ਬਦਲਿਆ ਹੈ ਅਤੇ ਪ੍ਰਭਾਵਸ਼ਾਲੀ ਜੀਡੀਪੀ ਵਾਧਾ ਦਰਜ ਕੀਤਾ ਹੈ।

ਰਾਸ਼ਟਰਪਤੀ ਨੇ ਕਿਹਾ ਕਿ ਦੇਸ਼ ਹਰ ਮੋਰਚੇ ‘ਤੇ ਤਰੱਕੀ ਕਰ ਰਿਹਾ ਹੈ। ਦੁਨੀਆ ਦੀਆਂ ਕਈ ਅਰਥਵਿਵਸਥਾਵਾਂ ਮਾੜੇ ਦੌਰ ‘ਚੋਂ ਗੁਜ਼ਰ ਰਹੀਆਂ ਹਨ। ਸਾਡੀ ਸਰਕਾਰ ਮੁਸ਼ਕਲ ਹਲਾਤਾਂ ਦਾ ਸਾਹਮਣਾ ਕਰਨ ਵਿੱਚ ਕਾਮਯਾਬ ਰਹੀ ਹੈ। ਮਹਿੰਗਾਈ ਚਿੰਤਾ ਦਾ ਵਿਸ਼ਾ ਹੈ ਪਰ ਸਾਡੀ ਸਰਕਾਰ ਨੇ ਇਸ ਲਈ ਵੀ ਕਾਰਗਰ ਕਦਮ ਚੁੱਕੇ ਹਨ। ਭਾਰਤ ਅੱਜ ਦੁਨੀਆ ਦੀ ਪੰਜਵੀਂ ਸਭ ਤੋਂ ਵੱਡੀ ਅਰਥਵਿਵਸਥਾ ਬਣ ਗਿਆ ਹੈ ਅਤੇ ਤੀਜੀ ਸਭ ਤੋਂ ਵੱਡੀ ਅਰਥਵਿਵਸਥਾ ਬਣਨ ਲਈ ਤਿਆਰ ਹੈ।

ਲੋੜਵੰਦਾਂ ਦੀ ਮੱਦਦ ਲਈ ਕਈ ਸਕੀਮਾਂ ਬਣਾਈਆਂ ਗਈਆਂ ਹਨ। ਪਿਛਲੇ ਦਹਾਕੇ ਵਿੱਚ ਲੋਕਾਂ ਲਈ ਗਰੀਬੀ ਤੋਂ ਬਾਹਰ ਆਉਣਾ ਸੰਭਵ ਹੋ ਗਿਆ ਹੈ। ਹਰ ਕਿਸੇ ਨੂੰ ਧਿਆਨ ਦੇਣਾ ਚਾਹੀਦਾ ਹੈ ਕਿ ਜਲਵਾਯੂ ਤਬਦੀਲੀ ਕਾਰਨ ਪਿਛਲੇ ਸਾਲਾਂ ਵਿਚ ਕਈ ਥਾਵਾਂ ‘ਤੇ ਬਹੁਤ ਬਾਰਿਸ਼ ਹੋਈ ਅਤੇ ਕਈ ਥਾਵਾਂ ‘ਤੇ ਸੋਕੇ ਦਾ ਸਾਹਮਣਾ ਕਰਨਾ ਪਿਆ। ਇਹ ਸਭ ਗਲੋਬਲ ਵਾਰਮਿੰਗ ਕਾਰਨ ਹੋਇਆ ਹੈ। ਭਾਰਤ ਨੇ ਵੀ ਇਸ ‘ਤੇ ਕਾਫੀ ਕੰਮ ਕੀਤਾ ਹੈ।

ਰਾਸ਼ਟਰਪਤੀ ਨੇ ਕਿਹਾ ਕਿ ਲਾਲਚ ਦਾ ਸੁਭਾਅ ਸਾਨੂੰ ਕੁਦਰਤ ਤੋਂ ਵੱਖ ਕਰਦਾ ਹੈ। ਬਹੁਤ ਸਾਰੇ ਕਬਾਇਲੀ ਭਾਈਚਾਰੇ ਅਜੇ ਵੀ ਕੁਦਰਤ ਨਾਲ ਡੂੰਘੇ ਜੁੜੇ ਹੋਏ ਹਨ। ਕੁਦਰਤ ਨਾਲ ਕਬਾਇਲੀ ਭਾਈਚਾਰੇ ਦੇ ਸਬੰਧ ਅਤੇ ਇਸਦੀ ਹੋਂਦ ਨੂੰ ਕਾਇਮ ਰੱਖਣ ਦੀ ਵਿਆਖਿਆ ਇੱਕ ਸ਼ਬਦ ਵਿੱਚ ਕੀਤੀ ਜਾ ਸਕਦੀ ਹੈ ਹਮਦਰਦੀ। ਔਰਤਾਂ ਹਮਦਰਦੀ ਵਧੇਰੇ ਡੂੰਘਾਈ ਨਾਲ ਮਹਿਸੂਸ ਕਰਦੀਆਂ ਹਨ।ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਭੋਪਾਲ ‘ਚ ਕਿਹਾ, ‘ਅੱਜ 140 ਕਰੋੜ ਦੇਸ਼ ਵਾਸੀ ਮੇਰਾ ਪਰਿਵਾਰ ਹਨ। ਸਾਰੀਆਂ ਭਾਸ਼ਾਵਾਂ ਅਤੇ ਉਪਭਾਸ਼ਾਵਾਂ ਮੇਰੀਆਂ ਹਨ।

# ਮੁੱਖ ਮੰਤਰੀ ਨੇ ਆਜ਼ਾਦੀ ਦੇ 76 ਵਰ੍ਹੇ ਪੂਰੇ ਹੋਣ ਮੌਕੇ 76 ਹੋਰ ਆਮ ਆਦਮੀ ਕਲੀਨਿਕ ਕੀਤੇ ਲੋਕਾਂ ਨੂੰ ਸਮਰਪਿਤ

*** ਦਿੱਲੀ ਦੇ ਮੁੱਖ ਮੰਤਰੀ ਨੇ ਇਤਿਹਾਸਕ ਪਹਿਲਕਦਮੀ ਲਈ ਭਗਵੰਤ ਮਾਨ ਤੇ ਪੰਜਾਬ ਦੇ ਲੋਕਾਂ ਨੂੰ ਦਿੱਤੀ ਵਧਾਈ * ਸੂਬੇ ਵਿੱਚ ਆਮ ਆਦਮੀ ਕਲੀਨਿਕਾਂ ਦੀ ਕੁੱਲ ਗਿਣਤੀ 659 ਹੋਈ**

ਧੂਰੀ (ਸੰਗਰੂਰ), 14 ਅਗਸਤ (ਗਿਆਨ ਸਿੰਘ): ਸੁਤੰਤਰਤਾ ਦਿਵਸ ਤੋਂ ਪਹਿਲਾਂ ਸੂਬੇ ਦੇ ਲੋਕਾਂ ਨੂੰ ਵੱਡਾ ਤੋਹਫ਼ਾ ਦਿੰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਨੂੰ ਭਾਰਤ ਦੀ ਆਜ਼ਾਦੀ ਦੀ 76ਵੀਂ ਵਰ੍ਹੇਗੰਢ ਮੌਕੇ 76 ਨਵੇਂ ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ ਕੀਤੇ।

ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਵੀ ਇਕ ਟਵੀਟ ਜਾਰੀ ਕਰ ਕੇ ਇਸ ਮੀਲ ਦਾ ਪੱਥਰ ਸਾਬਤ ਹੋਣ ਵਾਲੇ ਕਦਮ ਲਈ ਮੁੱਖ ਮੰਤਰੀ ਤੇ ਪੰਜਾਬ ਦੇ ਲੋਕਾਂ ਨੂੰ ਮੁਬਾਰਕਬਾਦ ਦਿੱਤੀ ਅਤੇ ਕਿਹਾ ਕਿ ਲੋਕਾਂ ਦੀ ਭਲਾਈ ਲਈ ਇਹ ਇਤਿਹਾਸਕ ਪਹਿਲਕਦਮੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਤਰੱਕੀ ਨੂੰ ਹੁਣ ਕੋਈ ਨਹੀਂ ਰੋਕ ਸਕੇਗਾ ਕਿਉਂਕਿ ਸੂਬੇ ਦੇ ਲੋਕਾਂ ਨੇ ਆਪਣੇ ਬਿਹਤਰ ਭਵਿੱਖ ਲਈ ਭਗਵੰਤ ਮਾਨ ਸਰਕਾਰ ਨੂੰ ਚੁਣਿਆ ਹੈ।

ਇੱਥੇ ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ ਕਰਨ ਮਗਰੋਂ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਉਨ੍ਹਾਂ ਦੇ ਘਰ ਵਿੱਚ ਹੀ ਮੁਹੱਈਆ ਕਰਵਾਉਣ ਲਈ ਇਹ ਸਿਹਤ ਕ੍ਰਾਂਤੀ ਦੇ ਨਵੇਂ ਯੁੱਗ ਦੀ ਸ਼ੁਰੂਆਤ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਮੁਫ਼ਤ ਦਵਾਈਆਂ ਮੁਹੱਈਆ ਕਰਨ ਦੇ ਨਾਲ-ਨਾਲ ਇਹ ਕਲੀਨਿਕ 41 ਤਰ੍ਹਾਂ ਦੇ ਟੈਸਟ ਮੁਫ਼ਤ ਕਰਨ ਦੀ ਸੇਵਾ ਵੀ ਦੇ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਤੰਦਰੁਸਤ ਸਿਹਤ ਉਤੇ ਧਿਆਨ ਦੇਣ ਦੇ ਨਾਲ-ਨਾਲ ਇਸ ਕਦਮ ਨਾਲ ਲੋਕਾਂ ਦਾ ਜੀਵਨ ਲੰਮੇਰਾ ਕਰਨ ਵਿੱਚ ਮਦਦ ਮਿਲੇਗੀ।

ਪਿਛਲੀਆਂ ਸਰਕਾਰਾਂ ਵੱਲੋਂ ਆਮ ਆਦਮੀ ਦੀ ਸਿਹਤ ਵੱਲ ਤਵੱਜੋਂ ਨਾ ਦੇਣ ਉਤੇ ਅਫ਼ਸੋਸ ਜ਼ਾਹਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਾਡੀ ਸਰਕਾਰ ਲੋਕਾਂ ਨੂੰ ਮਿਆਰੀ ਇਲਾਜ ਸਹੂਲਤਾਂ ਯਕੀਨੀ ਬਣਾਉਣ ਉਤੇ ਜ਼ੋਰ ਦੇ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਆਗੂ ਆਪਣਾ ਇਲਾਜ ਤਾਂ ਵਿਦੇਸ਼ਾਂ ਵਿੱਚੋਂ ਕਰਵਾ ਲੈਂਦੇ ਸਨ ਪਰ ਆਮ ਆਦਮੀ ਨੂੰ ਬਿਨਾਂ ਵਧੀਆ ਇਲਾਜ ਤੋਂ ਕਿਸਮਤ ਉਤੇ ਛੱਡ ਦਿੰਦੇ ਸਨ। ਉਨ੍ਹਾਂ ਕਿਹਾ ਕਿ ਇਹ ਲੀਡਰ ਲੋਕਾਂ ਨੂੰ ਸਿਰਫ਼ ਵੋਟ ਬੈਂਕ ਹੀ ਸਮਝਦੇ ਸਨ ਅਤੇ ਉਨ੍ਹਾਂ ਕਦੇ ਲੋਕਾਂ ਦੇ ਜੀਵਨ ਤੇ ਸਿਹਤ ਦੀ ਪਰਵਾਹ ਨਹੀਂ ਕੀਤੀ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦੀਆਂ ਪੁਰਜ਼ੋਰ ਕੋਸ਼ਿਸ਼ਾਂ ਨਾਲ ਪੰਜਾਬ ਵਿੱਚ ਸਿਹਤ ਕ੍ਰਾਂਤੀ ਦੇ ਨਵੇਂ ਯੁੱਗ ਦੀ ਸ਼ੁਰੂਆਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਹੁਣ ਕੈਂਸਰ ਦਾ ਮਿਆਰੀ ਇਲਾਜ ਉਪਲਬਧ ਹੈ, ਜਿਸ ਕਾਰਨ ਹੁਣ ਇਲਾਜ ਲਈ ਲੋਕਾਂ ਨੂੰ ਦੂਜੇ ਰਾਜਾਂ ਵਿੱਚ ਧੱਕੇ ਖਾਣ ਦੀ ਲੋੜ ਨਹੀਂ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਵਿੱਚੋਂ ਪਹਿਲਾਂ ਬੀਕਾਨੇਰ ਕੈਂਸਰ ਹਸਪਤਾਲ ਲਈ ਖਚਾਖਚ ਭਰ ਕੇ ਚਲਦੀ ਕੈਂਸਰ ਐਕਸਪ੍ਰੈੱਸ ਰੇਲ ਗੱਡੀ ਹੁਣ ਖ਼ਾਲੀ ਜਾਂਦੀ ਹੈ ਕਿਉਂਕਿ ਲੋਕਾਂ ਨੂੰ ਹੁਣ ਪੰਜਾਬ ਵਿੱਚ ਹੀ ਇਲਾਜ ਦੀ ਸਹੂਲਤ ਮਿਲ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਜ਼ਿਲ੍ਹਿਆਂ ਵਿੱਚ ਖ਼ਾਲੀ ਪਈਆਂ ਅਧਿਕਾਰੀਆਂ ਦੀਆਂ ਆਸਾਮੀਆਂ ਭਰੀਆਂ ਜਾਣਗੀਆਂ ਅਤੇ ਹੈੱਡਕੁਆਟਰਾਂ ਤੋਂ ਅਧਿਕਾਰੀਆਂ ਦੀ ਤਾਇਨਾਤੀ ਫੀਲਡ ਵਿੱਚ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਨ੍ਹਾਂ ਅਧਿਕਾਰੀਆਂ ਨੂੰ ਜ਼ਿਲ੍ਹਿਆਂ ਵਿੱਚ ਕੰਮ ਅਲਾਟ ਕੀਤਾ ਜਾਵੇਗਾ ਤਾਂ ਜੋ ਲੋਕਾਂ ਦੀ ਭਲਾਈ ਯਕੀਨੀ ਬਣੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਪਹਿਲਾਂ ਹੀ ਅਜਿਹੇ ਅਧਿਕਾਰੀਆਂ ਦੀ ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਸੁਪਰਡੈਂਟ ਆਫ਼ ਪੁਲਿਸ ਵਜੋਂ ਤਾਇਨਾਤੀ ਕੀਤੀ ਹੈ, ਜਿਹੜੇ ਲੋਕਾਂ ਦੀ ਭਲਾਈ ਲਈ ਕੰਮ ਕਰਨ ਵਾਸਤੇ ਜਾਣੇ ਜਾਂਦੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸੰਤਾਂ, ਪੀਰਾਂ-ਫ਼ਕੀਰਾਂ, ਪੈਗੰਬਰਾਂ ਅਤੇ ਸ਼ਹੀਦਾਂ ਦੀ ਧਰਤੀ ਹੈ, ਜਿਸ ਕਾਰਨ ਇਹ ਧਰਤੀ ਸੰਭਾਵਨਾਵਾਂ ਨਾਲ ਭਰੀ ਪਈ ਹੈ। ਇੱਥੇ ਵਪਾਰ ਤੇ ਕਾਰੋਬਾਰ ਲਈ ਅਸੀਮ ਸੰਭਾਵਨਾਵਾਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਰਖੇਜ਼ ਜ਼ਮੀਨ ਉਤੇ ਨਫ਼ਰਤ ਤੇ ਵੈਰ-ਵਿਰੋਧ ਤੋਂ ਸਿਵਾਏ ਹਰੇਕ ਤਰ੍ਹਾਂ ਦਾ ਬੀਜ ਪੁੰਗਰ ਸਕਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਫਿਰਕੂ ਸਦਭਾਵਨਾ, ਭਾਈਚਾਰੇ ਤੇ ਸ਼ਾਂਤੀ ਦਾ ਕੇਂਦਰ ਬਿੰਦੂ ਹੈ, ਜਿਸ ਕਾਰਨ ਸੂਬਾ ਮੁਲਕ ਭਰ ਵਿੱਚੋਂ ਨਿਵੇਸ਼ ਲਈ ਸਭ ਤੋਂ ਵੱਧ ਤਰਜੀਹੀ ਸਥਾਨ ਵਜੋਂ ਉੱਭਰਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਸੜਕ ਹਾਦਸਿਆਂ ਨੂੰ ਠੱਲ੍ਹ ਪਾਉਣ ਤੇ ਸੜਕਾਂ ਉਤੇ ਆਵਾਜਾਈ ਨੂੰ ਸੁਚਾਰੂ ਬਣਾਈ ਰੱਖਣ ਲਈ ਪੰਜਾਬ ਸਰਕਾਰ ਨੇ ‘ਸੜਕ ਸੁਰੱਖਿਆ ਫੋਰਸ’ ਦੀ ਸ਼ੁਰੂਆਤ ਕੀਤੀ ਹੈ। ਉਨ੍ਹਾਂ ਕਿਹਾ ਕਿ ਆਪਣੀ ਤਰ੍ਹਾਂ ਦੀ ਇਹ ਪਹਿਲੀ ਵਿਸ਼ੇਸ਼ ਫੋਰਸ ਪੰਜਾਬ ਵਿੱਚ ਰੋਜ਼ਾਨਾ ਵਾਪਰਨ ਵਾਲੇ ਸੜਕ ਹਾਦਸਿਆਂ ਵਿੱਚ ਜਾਂਦੀਆਂ ਕੀਮਤੀ ਜਾਨਾਂ ਬਚਾਉਣ ਲਈ ਅਹਿਮ ਭੂਮਿਕਾ ਨਿਭਾਏਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਫੋਰਸ ਨੂੰ ਸੜਕ ਹਦਸਿਆਂ ਨੂੰ ਠੱਲ੍ਹ ਪਾਉਣ ਦੇ ਨਾਲ-ਨਾਲ ਗਲਤ ਡਰਾਈਵਿੰਗ ਅਤੇ ਸੜਕਾਂ ਉਤੇ ਵਾਹਨਾਂ ਦੀ ਗਤੀਵਿਧੀ ਨੂੰ ਸੁਚਾਰੂ ਕਰਨ ਦਾ ਜ਼ਿੰਮਾ ਸੌਂਪਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਥਾਣਿਆਂ ਵਿੱਚ ਤਾਇਨਾਤ ਮੁਲਾਜ਼ਮਾਂ ਤੋਂ ਕੰਮ ਦਾ ਬੋਝ ਘਟੇਗਾ।

ਮੁੱਖ ਮੰਤਰੀ ਨੇ ਦੱਸਿਆ ਕਿ ਪਹਿਲੇ ਪੜਾਅ ਵਿੱਚ ਇਸ ਵਿਸ਼ੇਸ਼ ਫੋਰਸ ਵਿੱਚ 1300 ਮੁਲਾਜ਼ਮ ਭਰਤੀ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਮੁੱਢਲੇ ਤੌਰ ਉਤੇ 144 ਵਾਹਨ ਤਾਇਨਾਤ ਕੀਤੇ ਜਾਣਗੇ, ਜਿਨ੍ਹਾਂ ਵਿੱਚੋਂ 116 ਇਸੁਜ਼ੂ



ਵਾਹਨ ਹੋਣਗੇ, ਜਿਹੜੇ ਹਰੇਕ 30 ਕਿਲੋਮੀਟਰ ਦੇ ਘੇਰੇ ਵਿੱਚ ਤਾਇਨਾਤ ਹੋਣਗੇ ਅਤੇ 28 ਐਸ।ਯੂ।ਵੀਜ਼ ਸਪੀਡ ਰਾਡਾਰ ਨਾਲ ਲੈਸ ਹੋਣਗੇ। ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਇਨ੍ਹਾਂ ਵਾਹਨਾਂ ਵਿੱਚ ਪੂਰੀ ਮੈਡੀਕਲ ਕਿੱਟ ਹੋਵੇਗੀ ਤਾਂ ਕਿ ਲੋੜ ਪੈਣ ਉਤੇ ਕਿਸੇ ਮਰੀਜ਼ ਨੂੰ ਫੌਰੀ ਤੌਰ ਉਤੇ ਐਮਰਜੈਂਸੀ ਇਲਾਜ ਸੇਵਾ ਦਿੱਤੀ ਜਾ ਸਕੇ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸੂਬਾ ਸਰਕਾਰ ਦੀਆਂ ਸੁਹਿਰਦ ਕੋਸ਼ਿਸ਼ਾਂ ਨਾਲ ਪੰਜਾਬ ਭ੍ਰਿਸ਼ਟਾਚਾਰ ਮੁਕਤ ਸੂਬਾ ਬਣਨ ਵੱਲ ਵਧ ਰਿਹਾ ਹੈ। ਉਨ੍ਹਾਂ ਦੱਸਿਆ ਕਿ ਲੋਕਾਂ ਦੇ ਸਹਿਯੋਗ ਨਾਲ ਵੱਢੀਖੋਰਾਂ ਵਿਰੁੱਧ ਪਹਿਲਾਂ ਹੀ ਸਖ਼ਤ ਕਦਮ ਚੁੱਕੇ ਗਏ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਭ੍ਰਿਸ਼ਟਾਚਾਰ ਨਾਲ ਕਤਈ ਲਿਹਾਜ਼ ਨਾ ਵਰਤਣ ਦੀ ਨੀਤੀ ਉਤੇ ਚੱਲ ਰਹੀ ਹੈ।

ਮੁੱਖ ਮੰਤਰੀ ਨੇ ਇਹ ਵੀ ਐਲਾਨ ਕੀਤਾ ਕਿ ਸੂਬੇ ਵਿੱਚ ਨਸ਼ਿਆਂ ਵਿਰੁੱਧ ਜੰਗ ਵਿੱਢਣ ਲਈ ਨਵੀਂ ਨੀਤੀ ਘੜੀ ਹੈ। ਉਨ੍ਹਾਂ ਕਿਹਾ ਕਿ ਖੇਡਾਂ ਜ਼ਰੀਏ ਨੌਜਵਾਨਾਂ ਦੀ ਤਾਕਤ ਨੂੰ ਉਸਾਰੂ ਪਾਸੇ ਲਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਸੂਬਾ ਸਰਕਾਰ ਨਸ਼ਿਆਂ ਦੀ ਸਪਲਾਈ ਲਾਈਨ ਨੂੰ ਤੋੜਨ ਲਈ ਜ਼ੋਰਦਾਰ ਢੰਗ ਨਾਲ ਕੋਸ਼ਿਸ਼ਾਂ ਕਰ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨਸ਼ਾ ਵਿਰੋਧੀ ਜੰਗ ਦੇ ਨਤੀਜੇ ਜਲਦੀ ਲੋਕਾਂ ਸਾਹਮਣੇ ਜ਼ਾਹਰ ਹੋਣਗੇ ਕਿਉਂਕਿ ਨਸ਼ਾ ਮੁਕਤ ਪਿੰਡਾਂ ਨੂੰ ਵਿੱਤੀ ਲਾਭ ਦੇਣ ਦੇ ਨਾਲ-ਨਾਲ ਨਸ਼ਾ ਪੀੜਤਾਂ ਦੇ ਮੁੜ-ਵਸੇਬੇ ਲਈ ਵੀ ਕੋਸ਼ਿਸ਼ਾਂ ਕੀਤੀਆਂ ਜਾਣਗੀਆਂ।

ਮੁੱਖ ਮੰਤਰੀ ਨੇ ਇਹ ਵੀ ਐਲਾਨ ਕੀਤਾ ਕਿ ਪਿੰਡਾਂ ਦੇ ਸਰਪੰਚਾਂ ਦੀ ਚੋਣ ਨੂੰ ਸਿਆਸਤ ਤੋਂ ਪ੍ਰੇਰਿਤ ਨਹੀਂ ਹੋਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜਿਹੜੇ ਪਿੰਡ ਸਰਬਸੰਮਤੀ ਨਾਲ ਸਰਪੰਚਾਂ ਦੀ ਚੋਣ ਕਰਨਗੇ, ਉਨ੍ਹਾਂ ਨੂੰ ਪਿੰਡਾਂ ਦੇ ਵਿਕਾਸ ਲਈ ਗਰਾਂਟਾਂ ਦਿੱਤੀਆਂ ਜਾਣਗੀਆਂ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਦਾ ਮੰਤਵ ਇਹ ਯਕੀਨੀ ਬਣਾਉਣਾ ਹੈ ਕਿ ਪੰਚਾਇਤ ਚੋਣਾਂ ਵਿੱਚ ਕੋਈ ਹਿੰਸਾ ਨਾ ਹੋਵੇ ਅਤੇ ਪਿੰਡਾਂ ਵਿੱਚ ਮਾਹੌਲ ਭਾਈਚਾਰਕ ਬਣਿਆ ਰਹੇ। ਇਸ ਤੋਂ ਪਹਿਲਾਂ ਸਿਹਤ ਮੰਤਰੀ ਡਾ। ਬਲਬੀਰ ਸਿੰਘ ਨੇ ਮੁੱਖ ਮੰਤਰੀ ਤੇ ਹੋਰ ਸ਼ਖ਼ਸੀਅਤਾਂ ਦਾ ਸਮਾਗਮ ਵਿੱਚ ਪੁੱਜਣ ਉਤੇ ਸਵਾਗਤ ਕੀਤਾ।

# ਜੋਨ ਪੱਖੋ ਕਲਾਂ ਦੀਆਂ ਗਰਮ ਰੁੱਤ ਸਕੂਲ ਖੇਡਾਂ ਸੰਪੰਨ

**ਅਖੀਰਲੇ ਦਿਨ ਹੋਏ ਲੜਕਿਆਂ ਦੇ ਸਰਕਲ ਕਬੱਡੀ ਮੁਕਾਬਲੇ**



ਬਰਨਾਲਾ, 14 ਅਗਸਤ (ਪੋਸਟ ਬਿਊਰੋ): ਜੋਨ ਪੱਖੋ ਕਲਾਂ ਅਧੀਨ ਆਉਂਦੇ ਸਕੂਲਾਂ ਦੀਆਂ ਗਰਮ ਰੁੱਤ ਜੋਨਲ ਸਕੂਲ ਖੇਡਾਂ ਸਫਲਤਾਪੂਰਵਕ ਸੰਪੰਨ ਹੋ ਗਈਆਂ ਹਨ। ਅਖੀਰਲੇ ਦਿਨ ਲੜਕਿਆਂ ਦੇ ਕਬੱਡੀ ਸਰਕਲ ਸਟਾਇਲ ਦੇ ਕਰਵਾਏ ਗਏ ਮੁਕਾਬਲਿਆਂ ਵਿੱਚ ਅੰਡਰ 14 ਸਾਲ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹੰਡਿਆਇਆ ਨੇ ਪਹਿਲਾ, ਸਰਕਾਰੀ ਹਾਈ ਸਕੂਲ ਬਦਰਾ ਨੇ ਦੂਜਾ ਤੇ ਸਰਕਾਰੀ ਹਾਈ ਸਕੂਲ ਧੂਰਕੋਟ ਨੇ ਤੀਜਾ, ਅੰਡਰ 17 ਸਾਲ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹੰਡਿਆਇਆ ਨੇ ਪਹਿਲਾ, ਸਰਕਾਰੀ ਹਾਈ ਸਕੂਲ ਬਦਰਾ ਨੇ ਦੂਜਾ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧੌਲਾ ਨੇ ਤੀਜਾ, ਅੰਡਰ 19 ਸਾਲ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੂੜੇਕੇ ਕਲਾਂ ਨੇ ਪਹਿਲਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧੌਲਾ ਨੇ ਦੂਜਾ ਸਥਾਨ ਸਥਾਨ ਹਾਸਲ ਕੀਤਾ ਹੈ। ਇਸ ਮੌਕੇ ਹੈੱਡ ਮਾਸਟਰ ਸਾਧੂ ਸਿੰਘ, ਸੱਤਪਾਲ ਸ਼ਰਮਾ, ਜੋਨ ਸਕੱਤਰ ਅਮਨਦੀਪ ਕੌਰ, ਗੁਰਦੀਪ ਸਿੰਘ ਬੁਰਜਹਰੀ, ਜਸਪ੍ਰੀਤ ਸਿੰਘ, ਪਰਮਜੀਤ ਕੌਰ, ਗੁਰਜੀਤ ਸਿੰਘ, ਪ੍ਰਗਟ ਸਿੰਘ, ਅਨਿਲ ਕੁਮਾਰ, ਸ਼ਿਵਦੀਪ ਸ਼ਰਮਾ, ਹਰਜੀਤ ਸਿੰਘ ਜੋਗਾ ਸਮੇਤ ਵੱਖਵੱਖ ਸਕੂਲਾਂ ਦੇ ਸਰੀਰਕ ਸਿੱਖਿਆ ਅਧਿਆਪਕ ਅਤੇ ਵਿਦਿਆਰਥੀ ਮੌਜੂਦ ਸਨ।

Office: 416-654-1010

Sutton

Sutton Group Security Real Estate Brokerage
2700 Dufferin St #47, Toronto ON M6B4J3



"For all your real estate needs"

**Anabela Serra**
Sales Representative
**416-400-5825**
anabelserra75@gmail.com






## 98 JOHN ST E
Bradford West Gwillimbury, Ontario L3Z1G4

A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

## 97 JOHN ST E
Bradford West Gwillimbury, Ontario L3Z2B5




A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

## 103 JOHN ST W
Bradford West Gwillimbury, Ontario L3Z2A8




